


# ਸਿੰਚਾਈ ਮੰਤਰੀ ਸ਼੍ਰ; ਸ਼ਰਨਜੀਤ ਸਿੰਘ ਢਿੱਲੋਂ ਵੱਲੋਂ ਮੋਗਾ 'ਚ 1.30 ਕਰੋੜ ਰੁਪਏ ਦੀ ਲਾਗਤ ਵਾਲੇ 1.25 ਏਕੜ ਵਿੱਚ ਬਣੇ ਆਟੋਮੇਟਿਡ ਡਰਾਈਵਿੰਗ ਟੈਸਟ ਅਤੇ ਸਿਖਲਾਈ ਕੇਂਦਰ ਦਾ ਉਦਘਾਟਨ

**ਪੰਜਾਬ ਦੇਸ ਦਾ ਪਹਿਲਾ ਸੂਬਾ ਜਿੱਥੇ ਆਟੋਮੈਟਿਕ ਡਰਾਈਵਿੰਗ ਟੈਸਟ ਸ਼ੁਰੂ ਹੋਇਆ ਹੈ -ਸ਼ਰਨਜੀਤ ਸਿੰਘ ਢਿੱਲੋਂ**

**ਟਰੈਕ ਤੇ ਹੀ ਟੈਸਟ ਪਾਸ ਕਰਨ ਉਪਰੰਤ ਮੌਕੇ 'ਤੇ ਹੀ ਮੁਹੱਈਆ ਕਰਵਾਏ ਜਾਣਗੇ ਡਰਾਈਵਿੰਗ ਲਾਇਸੰਸ**

ਮੋਗਾ/ 21 ਅਪ੍ਰੈਲ: ਸਿੰਚਾਈ ਮੰਤਰੀ ਸ: ਸ਼ਰਨਜੀਤ ਸਿੰਘ ਢਿੱਲੋਂ ਨੇ ਅੱਜ ਮੋਗਾ ਜਿਲੇ ਦੇ ਪਿੰਡ ਸਿੰਘਾਂ ਵਾਲਾ ਵਿਖੇ 1 ਕਰੋੜ 30 ਲੱਖ ਰੁਪਏ ਦੀ ਲਾਗਤ ਵਾਲੇ 1.25 ਏਕੜ ਵਿੱਚ ਬਣੇ ਆਟੋਮੇਟਿਡ ਡਰਾਈਵਿੰਗ ਟੈਸਟ ਅਤੇ ਸਿਖਲਾਈ ਕੇਂਦਰ ਦਾ ਉਦਘਾਟਨ ਕੀਤਾ।

ਉਨਾਂ ਕਿਹਾ ਕਿ ਇਸ ਕੇਂਦਰ ਤੇ ਲਰਨਿੰਗ ਅਤੇ ਡਰਾਈਵਿੰਗ ਲਾਈਸੈਂਸ ਟੈਸਟ ਪਾਸ ਕਰਨ ਤੋਂ ਬਾਅਦ ਮੌਕੇ 'ਤੇ ਹੀ ਉਪਲਬੱਧ ਕਰਵਾਏ ਜਾਣਗੇ। ਉਨਾਂ ਕਿਹਾ ਕਿ ਰਾਜ ਸਰਕਾਰ ਵੱਲੋ ਸੜਕ ਹਾਦਸਿਆਂ ਨੂੰ ਘਟਾਉਣ ਅਤੇ ਡਰਾਈਵਿੰਗ ਲਾਇਸੰਸ ਬਨਾਉਣ ਦੀ ਸਮੁੱਚੀ ਪ੍ਰਕਿਰਿਆ ਵਿੱਚ ਵਧੇਰੇ ਪਾਰਦਰਸਤਾ ਲਿਆਉਣ ਲਈ ਰਾਜ ਦੇ ਸਾਰੇ ਜਿਲਿਆਂ ਵਿੱਚ ਅਜਿਹੇ ਡਰਾਈਵਿੰਗ ਟੈਸਟ ਟਰੈਕ ਸੈਂਟਰ ਬਣਵਾਏ ਗਏ ਹਨ ਜਿਸ ਨਾਲ ਬਿਨੈਕਾਰਾਂ ਨੂੰ ਭਵਿੱਖ ਵਿੱਚ ਲਾਇਸੰਸ ਬਣਵਾਉਣ ਲਈ ਕੋਈ ਸਮੱਸਿਆ ਪੇਸ਼ ਨਹੀਂ ਆਵੇਗੀ।

ਇਸ ਮੌਕੇ ਤੇ ਸੰਬੋਧਨ ਕਰਦਿਆਂ ਸ: ਢਿੱਲੋਂ ਨੇ ਦੱਸਿਆ ਕਿ 'ਆਟੋਮੇਟਿਡ ਡਰਾਇਵਿੰਗ ਟੈਸਟ, ਆਨ-ਲਾਈਨ ਲਾਈਸੈਂਸ ਅਤੇ ਟ੍ਰੇਨਿੰਗ ਕੇਂਦਰ' ਦੇ ਨਾਂ ਹੇਠ ਖੋਲਿਆ ਗਿਆ। ਇਹ ਕੇਂਦਰ ਮੋਗਾ ਜ਼ਿਲਾ ਵਾਸੀਆਂ ਨੂੰ ਕਾਫੀ ਲਾਹਾ ਪਹੁੰਚੇਗਾ, ਕਿਉਂਕਿ ਉਨਾਂ ਨੂੰ ਇਕ ਹੀ ਜਗਾ 'ਤੇ ਉਸੇ ਸਮੇਂ ਟੈਸਟ ਪਾਸ ਕਰਨ ਉਪਰੰਤ ਸੇਵਾਵਾਂ ਦਿੱਤੀਆਂ ਜਾਣਗੀਆਂ। ਜ਼ਿਲੇ ਦੇ ਇਸ ਕੇਂਦਰ ਸਮੇਤ ਸੂਬੇ ਵਿਚ ਅਜਿਹੇ 32 ਮਾਡਰਨ ਟਰੈਕ ਬਣ ਕੇ ਤਿਆਰ ਹੋ ਗਏ ਹਨ।

ਉਨਾਂ ਦੱਸਿਆ ਕਿ ਸੂਬੇ ਦੇ ਉਪ ਮੁੱਖ ਮੰਤਰੀ ਸ੍. ਸੁਖਬੀਰ ਸਿੰਘ ਬਾਦਲ ਦੇ ਉਪਰਾਲੇ ਸਦਕਾ ਈ-ਗਵਰਨੈਂਸ ਜ਼ਰੀਏ ਦਿੱਤੀਆਂ ਜਾ ਰਹੀਆਂ ਸੇਵਾਵਾਂ ਨੂੰ ਹੋਰ ਪ੍ਰਫੁਲੱਤ ਕਰਨ ਲਈ ਉਕਤ ਅਤਿ-ਆਧੁਨਿਕ ਡਰਾਈਵਿੰਗ ਟਰੈਕ ਹੋਂਦ ਵਿਚ ਲਿਆਂਦੇ ਗਏ ਹਨ। ਉਨਾਂ ਦੱਸਿਆ ਕਿ ਮੋਗਾ ਜ਼ਿਲੇ ਦੇ ਇਸ ਟਰੈਕ ਸਮੇਤ ਪੰਜਾਬ ਵਿਚ ਅਜਿਹੇ 32 ਅਤਿ-ਆਧੁਨਿਕ ਕੇਂਦਰ ਸਥਾਪਿਤ ਕੀਤੇ ਗਏ ਹਨ, ਜਿਨਾਂ ਵਿੱਚ ਸਿੰਘਾਵਾਲਾ (ਮੋਗਾ), ਦਸੂਹਾ, ਬਠਿੰਡਾ, ਅੰਮ੍ਰਿਤਸਰ, ਬਰਨਾਲਾ, ਫਾਜ਼ਿਲਕਾ, ਬਟਾਲਾ, ਜਗਰਾਓਂ, ਖੰਨਾ, ਲੁਧਿਆਣਾ-1, ਲੁਧਿਆਣਾ-2, ਮਾਨਸਾ, ਨਵਾਂ ਸ਼ਹਿਰ, ਪਠਾਨਕੋਟ, ਪਟਿਆਲਾ, ਮਲੇਰਕੋਟਲਾ, ਫਿਰੋਜ਼ਪੁਰ, ਜਲੰਧਰ, ਤਰਨਤਾਰਨ, ਫਰੀਦਕੋਟ, ਫਤਿਹਗੜ ਸਾਹਿਬ, ਗੁਰਦਾਸਪੁਰ, ਫਿਲੌਰ, ਮੋਹਾਲੀ, ਮੁਕਤਸਰ, ਫਗਵਾੜਾ, ਰੂਪਨਗਰ, ਕਪੂਰਥਲਾ, ਪਾਤੜਾਂ, ਸੰਗਰੂਰ ਅਤੇ ਅਬੋਹਰ ਸ਼ਾਮਿਲ ਹਨ।

ਉਨਾਂ ਦੱਸਿਆ ਕਿ ਟਰੈਕ ਦੇ ਖੁੱਲਣ ਨਾਲ ਟਰਾਂਸਪੋਰਟ ਵਿਭਾਗ ਦੇ ਕੰਮ ਵਿਚ ਹੋਰ ਪਾਰਦਰਸ਼ਤਾ ਆਵੇਗੀ, ਡਰਾਇਵਿੰਗ ਟਰੈਕ ਦੀ ਸ਼ੁਰੂਆਤ ਹੋਣ ਨਾਲ ਬਿਨੈਕਾਰਾਂ ਨੂੰ ਇਕ ਸਥਾਨ 'ਤੇ ਹੀ ਸਮੇਂ-ਸਿਰ ਲਾਈਸੈਂਸ ਪ੍ਰਦਾਨ ਹੋਣਾ ਆਰੰਭ ਹੋ ਜਾਵੇਗਾ ਅਤੇ ਉਨਾਂ ਨੂੰ ਕਿਸੇ ਵੀ ਤਰਾਂ ਦੀ ਖੱਜਲ - ਖੁਆਰੀ ਦਾ ਸਾਹਮਣਾ ਵੀ ਨਹੀਂ ਕਰਨਾ ਪਵੇਗਾ।

ਉਨਾਂ ਦੱਸਿਆ ਕਿ ਡਰਾਈਵਿੰਗ ਲਾਇਸੈਂਸ ਲਈ ਆਨ-ਲਾਈਨ ਬਿਨੈ ਕਰਨ ਉਪਰੰਤ ਟੈਸਟ ਲਿਆ ਜਾਵੇਗਾ ਅਤੇ ਟੈਸਟ ਪਾਸ ਕਰਨ ਤੌਂ ਬਾਅਦ ਮੌਕੇ 'ਤੇ ਲਾਇਸੈਂਸ ਮੁਹੱਈਆ ਕਰਵਾ ਦਿੱਤਾ ਜਾਵੇਗਾ। ਉਨਾਂ ਦੱਸਿਆ ਕਿ ਡਰਾਈਵਿੰਗ ਟੈਸਟ ਵਿਸ਼ੇਸ਼ ਤੌਰ 'ਤੇ ਡਿਜ਼ਾਇਨ ਕੀਤੇ ਗਏ ਟਰੈਕ ਵਿਚ ਲਿਆ ਜਾਵੇਗਾ,





ਜਿੱਥੇ ਹਰੇਕ ਸਹੂਲਤ ਦਾ ਪ੍ਰਬੰਧ ਕੀਤਾ ਗਿਆ ਹੈ, ਜਿਸ ਵਿਚ ਬਾਇਓਮੀਟਰਕ, ਵੈਬ ਕਾਸਟਿੰਗ ਕੈਮਰੇ, ਬੀਮ ਸੈਂਸਰ ਅਤੇ ਵਾਇਬਰੇਸ਼ਨ ਸੈਂਸਰ ਆਦਿ ਆਧੁਨਿਕ ਇਲੈਕਟ੍ਰੋਨਿਕ ਸਾਜ਼ੋ-ਸਮਾਨ ਹੋਵੇਗਾ। ਉਨਾਂ ਦੱਸਿਆ ਕਿ ਦੋ ਪਹੀਆਂ ਤੇ ਚਾਰ ਪਹੀਆ ਵਾਹਨਾਂ ਦੇ ਲਾਇਸੈਂਸ ਲਈ ਵੱਖੋ-ਵੱਖਰੇ ਟਰੈਕ ਬਣਾਏ ਗਏ ਹਨ।

ਡਿਪਟੀ ਕਮਿਸ਼ਨਰ ਸ਼੍ਰੀ ਕੁਲਦੀਪ ਸਿੰਘ ਵੈਦ ਨੇ ਦੱਸਿਆ ਕਿ ਟਰੈਕ ਤੋਂ ਇਲਾਵਾ ਡਰਾਈਵਿੰਗ ਦੀ ਸਿਖਲਾਈ ਦੇਣ ਲਈ ਸਰਕਾਰ ਵਲੋਂ ਮਰੂਤੀ ਸਜ਼ੂਕੀ ਪ੍ਰਾਈਵੇਟ ਲਿਮਟਿਡ ਨਾਲ ਇਥੇ ਇਕ ਡਰਾਇਵਿੰਗ ਸੈਂਟਰ ਖੋਲਣ ਸਬੰਧੀ ਐਮ.ਓ.ਯੂ ਸਾਈਨ ਕੀਤਾ ਗਿਆ ਹੈ। ਉਨਾਂ ਦੱਸਿਆ ਕਿ ਟੈਸਟ ਜ਼ਿਲਾ ਟਰਾਂਸਪੋਰਟ ਵਿਭਾਗ ਵੱਲੋਂ ਲਿਆ ਜਾਵੇਗਾ ਅਤੇ ਸਿਖਲਾਈ ਮਰੂਤੀ ਸਜ਼ੂਕੀ ਪ੍ਰਾਈਵੇਟ ਲਿਮਟਿਡ ਵਲੋਂ ਦਿੱਤੀ ਜਾਵੇਗੀ।

ਉਨਾਂ ਨੇ ਦੱਸਿਆ ਕਿ ਟਰੈਕ 'ਤੇ ਹੀ ਜਨਮ ਸਰਟੀਫਿਕੇਟ ਅਤੇ ਰਿਹਾਇਸ਼ੀ ਪਤੇ ਦੇ ਸਬੂਤ ਨਾਲ ਆਨ-ਲਾਈਨ ਅਪਲਾਈ ਅਤੇ ਆਨ-ਲਾਈਨ ਫੀਸ ਭਰਕੇ ਕੰਪਿਊਟਰ ਰਾਹੀਂ ਟੈਸਟ ਪਾਸ ਕਰਨ ਉਪਰੰਤ ਲਰਨਿੰਗ ਲਾਇਸੈਂਸ ਪ੍ਰਾਪਤ ਕੀਤਾ ਜਾ ਸਕਦਾ ਹੈ। ਉਨਾਂ ਦੱਸਿਆ ਕਿ ਇਸ ਤੋਂ ਬਾਅਦ ਪੱਕੇ ਡਰਾਈਵਿੰਗ ਲਾਇਸੈਂਸ ਲਈ ਟੈਸਟ ਪਾਸ ਕਰਨਾ ਜ਼ਰੂਰੀ ਹੋਵੇਗਾ ਅਤੇ ਟਰੈਕ 'ਤੇ ਹੀ ਟੈਸਟ ਪਾਸ ਕਰਨ ਉਪਰੰਤ ਮੌਕੇ 'ਤੇ ਹੀ ਪੱਕਾ ਡਰਾਇਵਿੰਗ ਲਾਈਸੈਂਸ ਬਣਾ ਦਿੱਤਾ ਜਾਵੇਗਾ। ਉਨਾਂ ਦੱਸਿਆ ਕਿ ਮੈਡੀਕਲ ਟੈਸਟ ਲਈ ਡਾਕਟਰ ਵੀ ਇਸੇ ਕੇਂਦਰ ਵਿਖੇ ਤਾਇਨਾਤ ਰਹਿਣਗੇ।

ਇਸ ਸਮੇਂ ਹੋਰਨਾਂ ਤੋ ਇਲਾਵਾ ਵਿਧਾਇਕ ਸ਼੍ਰੀ ਜੋਗਿੰਦਰ ਪਾਲ ਜੈਨ, ਮੇਅਰ ਅਕਸਤ ਜੈਨ, ਵਧੀਕ ਮੇਅਰ ਅਨਿਲ ਬਾਂਸਲ, ਚੇਅਰਮੈਨ ਹੈਲਥ ਸਿਸਟਮ ਕਾਰਪੋਰੇਸ਼ਨ ਬਰਜਿੰਦਰ ਸਿੰਘ ਬਰਾੜ, ਚੇਅਰਮੈਨ ਜਿਲਾ ਪ੍ਰੀਸਦ ਬੀਬੀ ਅਮਰਜੀਤ ਕੌਰ ਸਾਹੋਕੇ, ਚੇਅਰਮੈਨ ਜੈਨਕੋ ਜਗਤਾਰ ਸਿੰਘ ਰਾਜੇਆਣਾ, ਵਧੀਕ ਡਿਪਟੀ ਕਮਿਸ਼ਨਰ ਅਰਵਿੰਦਪਾਲ ਸਿੰਘ ਸੰਧੂ, ਜਿਲਾ ਟਰਾਂਸਪੋਰਟ ਅਫਸਰ ਅਨੀਤਾ ਦਰਸੀ, ਰਣਵਿੰਦਰ ਸਿੰਘ ਰਾਮੂ ਵਾਲੀਆ, ਜਗਜੀਤ ਸਿੰਘ ਜੌੜਾ ਪੀ.ਏ ਟੂ ਚੇਅਰਮੈਨ ਤੀਰਥ ਸਿੰਘ ਮਾਹਲਾ ਤੋ ਇਲਵਾ ਪ੍ਰੋਫੈਸਰ ਜਸਵਿੰਦਰ ਧਨਾਨਸੂ ਨੇ ਸਟੇਜ ਸਕੱਤਰ ਦੀ ਭੂਮਿਕਾ ਨਿਭਾਈ।

# ਬਾਬਾ ਗੁਰਦੀਪ ਸਿੰਘ ਨੇ 350 ਲੋੜਵੰਦ ਪਰਿਵਾਰਾਂ ਨੂੰ ਵੰਡਿਆ ਰਾਸ਼ਨ

ਬਾਘਾ ਪੁਰਾਣਾ/ 16 ਅਰੈਲ/ ਮਵਦੀਲਾ ਬਿਓਰੋ

-ਸਿੱਖੀ ਦੇ ਪ੍ਰਚਾਰ ਅਤੇ ਮਾਨਵਤਾ ਦੀ ਭਲਾਈ ਨੂੰ ਸਮਰਪਿਤ ਅਤੇ ਮਾਲਵੇ ਦੇ ਪ੍ਰਸ਼ਿਧ ਧਾਰਮਿਕ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ (ਤਪ ਅਸਥਾਨ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ) ਚੰਦ ਪੁਰਾਣਾ ਵਿਖੇ ਮੁੱਖ ਸੇਵਾਦਾਰ ਬਾਬਾ ਗੁਰਦੀਪ ਸਿੰਘ ਵੱਲੋ ਮਹੀਨਾਵਾਰ ਰਾਸ਼ਨ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਬਾਬਾ ਗੁਰਦੀਪ ਸਿੰਘ ਨੇ ਸੱਚ ਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਵੱਲੋ ਅਰੰਭੇ ਮਿਸ਼ਨ 'ਤੇ ਚੱਲਦੇ ਹੋਇਆਂ 350 ਲੋੜਵੰਦ ਪਰਿਵਾਰਾਂ ਨੂੰ ਮਹੀਨੇ ਭਰ ਦੇ ਰਾਸ਼ਨ ਦੀਆ ਕਿੱਟਾਂ ਆਪਣੇ ਕਰ ਕਮਲਾਂ ਨਾਲ ਵੰਡੀਆਂ ਅਤੇ ਇਸ ਮੌਕੇ ਬਾਬਾ ਗੁਰਦੀਪ ਸਿੰਘ ਨੇ ਗੁਰੂ ਘਰ ਵਿਖੇ ਕਰਵਾਏ ਅੰਮਿਤ ਸੰਚਾਰ ਮੌਕੇ ਅੰਮਿਤ ਛਕ ਕੇ ਗੁਰੂ ਵਾਲੇ ਬਣਨ ਵਾਲੇ 175 ਅੰਮਿਤ ਅਭਿਲਾਸ਼ੀਆ ਨੂੰ ਗੁਰੂ ਘਰ ਵੱਲੋ ਕਕਾਰ ਬਸਤਰ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਅਤੇ ਦੂਰੋ ਆਉਣ ਵਾਲਿਆਂ ਨੂੰ ਕਿਰਾਇਆ ਵੀ ਦਿੱਤਾ। ਇਸ ਮੌਕੇ ਬਾਬਾ ਗੁਰਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਵੱਲੋ ਮਾਨਵਤਾ ਦੀ ਭਲਾਈ ਅਤੇ ਸਿੱਖੀ ਦੇ ਪ੍ਰਚਾਰ ਲਈ ਅਰੰਭੇ ਮਿਸ਼ਨ ਨੂੰ ਭਵਿੱਖ ਵਿਚ ਜਾਰੀ ਰੱਖਿਆ ਜਾਵੇਗਾ ਅਤੇ ਹੋਰ ਵੀ ਸਮਾਜ ਸੇਵਾ ਦੇ ਕਾਰਜ ਅਰੰਭੇ ਜਾਣਗੇ। ਇਸ ਮੌਕੇ ਦਰਸ਼ਨ ਸਿੰਘ ਡਰੋਲੀ ਭਾਈ, ਤਰਲੋਕ ਸਿੰਘ ਸਿੰਘਾਂ ਵਾਲਾ, ਚਮਕੌਰ ਸਿੰਘ ਚੰਦ ਪੁਰਾਣਾ, ਬਿੱਲੂ ਸਿੰਘ, ਕੁਲਬੀਰ ਸਿੰਘ, ਨਿਰਮਲ ਸਿੰਘ, ਸਰਬਜੀਤ ਸਿੰਘ, ਨਛੱਤਰ ਸਿੰਘ, ਚਮਕੌਰ ਸਿੰਘ ਇਟਲੀ ਅਤੇ ਹੋਰ ਸੇਵਕਾਂ ਨੇ ਵੀ ਇਸ ਮੌਕੇ ਸੇਵਾਵਾਂ ਨਿਭਾ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

